ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ ਦਾ ਅਸਰ

ਵੱਖ-ਵੱਖ ਗੁਰਦੁਆਰਿਆਂ 'ਚੋਂ ਗੁਟਕਾ ਸਾਹਿਬ ਤੇ ਗੁਰਬਾਣੀ ਦੀਆਂ 452 ਪੋਥੀਆਂ ਨਾਨਕਿਆਣਾ ਸਾਹਿਬ ਵਿਖੇ ਜਮ੍ਹਾਂ ਕਰਵਾਈਆਂ

ਸੰਗਰੂਰ, 8 ਮਈ (ਪਰਮਜੀਤ ਸਿੰਘ ਲੱਡਾ) : ਸੂਬੇ ਵਿਚ ਹੋ ਰਹੀਆਂ ਗੁਰੂ ਗ੍ਰੰਥ ਸਾਹਿਬ ਅਤੇ ਹੋਰ ਧਾਰਮਕ ਗ੍ਰੰਥਾਂ ਦੀਆਂ ਬੇਅਦਬੀਆਂ ਨੂੰ ਵੇਖਦਿਆਂ ਪੰਜਾਬ ਸਰਕਾਰ ਵਲੋਂ ਧਾਰਮਕ ਗ੍ਰੰਥਾਂ ਦੀ ਬੇਅਦਬੀ ਤੇ ਬਣਾਏ ਨਵੇਂ ਕਾਨੂੰਨ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਸਬੰਧੀ ਜਿੱਥੇ ਪੰਜਾਬ ਸਰਕਾਰ ਵਲੋਂ ਅਪਣੀ ਪਿੱਠ ਥਾਪੜੀ ਜਾ ਰਹੀ ਹੈ ਤੇ ਲੋਕਾਂ ਵਲੋਂ ਵੀ ਇਸ ਨੂੰ ਇਕ ਚੰਗਾ ਕਦਮ ਦਸਿਆ ਜਾ ਰਿਹਾ ਹੈ। ਲੋਕਾਂ ਵਲੋਂ ਅਪਣੇ ਘਰਾਂ ਵਿਚ ਰੱਖੇ ਗੁਰਬਾਣੀ ਦੇ ਗੁਟਕਾ ਸਾਹਿਬ ਗੁਰੂ ਘਰਾਂ ਵਿਚ ਜਮਾਂ ਕਰਵਾਉਣੇ ਸ਼ੁਰੂ ਕਰ ਦਿਤੇ ਗਏ ਹਨ। ਇਸ ਸਬੰਧੀ ਸਿੱਖ ਸੰਗਤਾਂ ਵਲੋਂ ਸੁਨਾਮ ਸ਼ਹਿਰ ਦੇ ਅਲੱਗ-ਅਲੱਗ 7 ਗੁਰਦੁਆਰਾ ਸਾਹਿਬਾਨਾਂ 'ਚੋਂ 452 ਗੁਟਕਾ ਸਾਹਿਬ ਅਤੇ ਪੋਥੀਆਂ ਇਕੱਠੀਆਂ ਕਰ ਕੇ ਸੰਗਰੂਰ ਦੇ ਨਾਨਕਿਆਣਾ ਸਾਹਿਬ ਗੁਰਦੁਆਰਾ ਸਾਹਿਬ ਵਿਚ ਲਿਆ ਕੇ ਜਮਾਂ ਕਰਵਾਏ ਗਏ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਾਹਿਬਾਨਾਂ ਵਲੋਂ ਅੱਜ ਜਮਾਂ ਕਰਵਾਏ ਗੁਟਕਾ ਸਾਹਿਬ ਅਤੇ ਪੋਥੀਆਂ ਸਬੰਧੀ ਜਾਣਕਾਰੀ ਦਿੰਦਿਆ ਆਲ ਇੰਡੀਆ ਗ੍ਰੰਥੀ ਰਾਗੀ ਪ੍ਰਚਾਰਕ ਸਿੰਘ ਸਭਾ ਕੌਮੀ ਪ੍ਰਧਾਨ ਜਗਮੇਲ ਸਿੰਘ ਛਾਜਲਾ ਅਤੇ ਭਾਈ ਸਵਰਨਜੀਤ ਸਿੰਘ ਹੈਡ ਗ੍ਰੰਥੀ ਨੇ ਕਿਹਾ ਕਿ ਨਵੇਂ ਬਣੇ ਕਾਨੂੰਨ ਵਿਚ ਬੇਅਦਬੀ ਕਰਨ ਵਾਲੇ ਦੋਸ਼ੀ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਅਤੇ ਕਮੇਟੀਆਂ ਤੇ ਵੀ ਸ਼ਿਕੰਜਾ ਕਸਿਆ ਗਿਆ ਹੈ, ਜਿਸਦਾ ਡਰ ਸਾਨੂੰ ਵੀ ਸਤਾ ਰਿਹਾ, ਕਿਉਂਕਿ ਨਵੇਂ ਕਾਨੂੰਨ ਵਿਚ ਧਾਰਮਕ ਗ੍ਰੰਥਾਂ ਦੀ ਮਰਿਆਦਾ ਨਾਂ ਰੱਖਣ ਵਾਲੇ ਤੇ ਵੀ ਕਾਨੂੰਨੀ ਕਰਵਾਈ ਹੋ ਸਕਦੀ ਹੈ, ਜਿਸ ਕਰ ਕੇ ਲੋਕ ਡਰ ਗਏ ਹਨ, ਉਹਨਾਂ ਕਿਹਾ ਕਿ ਰੋਜ਼ਾਨਾ ਪਾਠ ਕਰਨ ਵੇਲੇ ਪੂਰੀ ਮਰਿਆਦਾ ਕਈ ਵਾਰ ਸਾਡੇ ਤੋਂ ਵੀ ਨਹੀਂ ਰੱਖੀ ਜਾਂਦੀ ਤਾਂ ਹੀ ਅਸੀਂ ਅਰਦਾਸ ਵਿਚ ਗੁਰੂ ਸਾਬ ਤੋਂ ਹੋਈਆਂ ਭੁੱਲਾ ਦੀ ਮੁਆਫ਼ੀ ਮੰਗਦੇ ਹਾਂ। ਉਹਨਾਂ ਕਿਹਾ ਕਿ ਸ਼ਹਿਰ ਦੇ ਵੱਖ ਵੱਖ ਮੁਹੱਲਿਆਂ ਚੋਂ ਗੁਟਕਾ ਸਾਹਿਬ ਜਮਾਂ ਕਰਵਾਉਣ ਵਾਲਈ ਸੰਗਤ ਅਤੇ ਲੋਕ ਕਹਿ ਰਹੇ ਹਨ ਕਿ ਅਸੀਂ ਗੁਰਦੁਆਰਾ ਸਾਹਿਬ ਵਿਚ ਹੀ ਆ ਕੇ ਪਾਠ ਕਰ ਲਿਆ ਕਰਾਂਗੇ, ਅਗਰ ਘਰ ਸਾਡੇ ਤੋ ਮਰਿਆਦਾ ਸਬੰਧੀ ਕੋਈ ਵੀ ਭੁੱਲ ਹੋ ਗਈ ਤਾਂ ਸਾਨੂੰ ਵੀ ਕਨੂੰਨੀ ਕਾਰਵਾਈ ਦਾ ਡਰ ਸਤਾ ਰਿਹਾ ਹੈ, ਇਸ ਲਈ ਅਸੀਂ ਗੁਟਕਾ ਸਾਹਿਬ ਜਮਾਂ ਕਰਵਾ ਰਹੇ ਹਾਂ। ਇਸ ਮੌਕੇ ਭਾਈ ਜਗਮੇਲ ਸਿੰਘ ਛਾਜਲਾ, ਭਾਈ ਸਵਰਨਜੀਤ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਸਤਨਾਮ ਸਿੰਘ, ਭਾਈ ਕਰਨੈਲ ਸਿੰਘ ਨਮੋਲ, ਭਾਈ ਕੋਮਲ ਸਿੰਘ ਆਦਿ ਸਿੰਘ ਸ਼ਾਮਲ ਸਨ।

ਹਾਈ ਕੋਰਟ ਵਿਚ ਅੱਜ ਮੀਰੀ ਪੀਰੀ ਹਸਪਤਾਲ ਸ਼ਾਹਬਾਦ ਮਾਮਲੇ ਉਤੇ ਹੋਈ ਬਹਿਸ ਮੁਕੰਮਲ

ਜਸਟਿਸ ਹਾਈ ਕੋਰਟ ਨੇ ਫ਼ੈਸਲਾ ਰੱਖਿਆ ਰਾਖਵਾਂ

ਚੰਡੀਗੜ੍ਹ, 8 ਮਈ (ਪਲਵਿੰਦਰ ਸਿੰਘ ਸੱਗੂ, ਹਰਸ਼ਬਾਬ ਸਿੰਘ ਸਿੱਧੂ) : ਪੰਜਾਬ ਹਰਿਆਣਾ ਹਾਈ ਕੋਰਟ ਵਿਚ ਮੀਰੀ ਪੀਰੀ ਮੈਡੀਕਲ ਕਾਲਜ ਅਤੇ ਹਸਪਤਾਲ ਸ਼ਾਹਬਾਦ ਮਾਰਕੰਡਾ ਕੇਸ ਦੀ ਅੱਜ ਸੁਣਵਾਈ ਹੋਈ। ਇਸ ਬਾਰੇ ਜਥੇਦਾਰ ਦਾਦੂਵਾਲ ਦੇ ਸਹਾਇਕ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਦਸਿਆ ਕਿ ਹਾਈ ਕੋਰਟ ਵਿਚ ਅੱਜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਾਡੇ ਸੀਨੀਅਰ ਵਕੀਲ ਗੌਰਵ ਚੋਪੜਾ ਅਤੇ ਵਕੀਲ ਆਰ ਐਸ ਸੋਹੀ ਪੇਸ਼ ਹੋਏ ਅਤੇ ਅਪਣਾ ਪੱਖ ਰਖਿਆ। ਸ਼੍ਰੋਮਣੀ ਕਮੇਟੀ ਵਲੋਂ ਉਨ੍ਹਾਂ ਦੇ ਸੀਨੀਅਰ ਵਕੀਲ ਪੁਨੀਤ ਬਾਲੀ ਅਤੇ ਹਨੀਮਾ ਗਰੇਵਾਲ ਪੇਸ਼ ਹੋਏ। ਜਸਟਿਸ ਜਗਮੋਹਨ ਬੰਸਲ ਵਲੋਂ ਦੋਨਾਂ ਧਿਰਾਂ ਦੀਆਂ ਦਲੀਲਾਂ ਸੁਣੀਆਂ ਜਿਸ ਤੋਂ ਬਾਅਦ ਫ਼ੈਸਲਾ ਰਾਖਵਾਂ ਰੱਖ ਲਿਆ ਗਿਆ। ਹੁਣ ਹਾਈ ਕੋਰਟ ਕਿਸੇ ਵੇਲੇ ਵੀ ਫ਼ੈਸਲਾ ਸੁਣਾ ਸਕਦੀ ਹੈ। ਕੇਸ ਦੀ ਸੁਣਵਾਈ ਲਈ ਅੱਜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਗੁਰਮੀਤ ਸਿੰਘ ਰਾਮਸਰ, ਗੁਰਬੀਰ ਸਿੰਘ ਤਲਾਕੌਰ, ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ ਤੇ ਹੋਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਪੁੱਜੇ ਹੋਏ ਸਨ।

ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰਾਂ ਤੋਂ ਮੰਗੇ ਜਾਣਗੇ ਅੰਮ੍ਰਿਤਧਾਰੀ ਹੋਣ ਦੇ ਸਰਟੀਫ਼ਿਕੇਟ : ਨਿੱਜਰ

ਝੂਠੀ ਜਾਣਕਾਰੀ ਦੇਣ ਵਾਲੇ ਮੈਂਬਰਾਂ ਦੀ ਮੈਂਬਰਸ਼ਿਪ ਹੋਵੇਗੀ ਰੱਦ

ਅੰਮ੍ਰਿਤਸਰ, 8 ਮਈ (ਸੁਖਵਿੰਦਰਜੀਤ ਸਿੰਘ ਬਹੋੜੂ) : ਸਿੱਖ ਪੰਥ ਦੀ ਸਭ ਤੋਂ ਪੁਰਾਣੀ ਸੰਸਥਾ ਚੀਫ਼ ਖ਼ਾਲਸਾ ਦੀਵਾਨ ਦੀ ਸਮੁੱਚੀ ਐਗਜ਼ੈਕਟਿਵ ਕਮੇਟੀ ਅੱਜ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਅੱਗੇ ਪੇਸ਼ ਹੋਈ। ਅੰਮ੍ਰਤ ਨਾ ਛੱਕਣ ਵਾਲੇ ਚੀਫ਼ ਖ਼ਾਲਸਾ ਦੀਵਾਨ ਦੇ ਮੈਂਬਰ, ਪਿਛਲੇ ਲੰਬੇ ਸਮੇਂ ਤੋਂ ਤਲਬ ਕੀਤੇ ਸਨ, ਪਰ ਅਮਲ ਨਾ ਹੋਣ 'ਤੇ ਅੱਜ ਸਮੁੱਚੀ ਐਗਜ਼ੈਕਟਿਵ ਕਮੇਟੀ ਤਲਬ ਕੀਤੀ ਗਈ। ਬੀਤੇ ਦਿਨੀਂ ਅਕਾਲ ਤਖ਼ਤ ਸਾਹਿਬ ਵਲੋਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸਮੇਤ ਕੁਝ ਮੈਂਬਰਾਂ ਨੂੰ ਤਲਬ ਕੀਤਾ ਗਿਆ ਸੀ। ਜੋ ਅੱਜ ਪੇਸ਼ ਹੋਏ ਅਤੇ ਅੰਮ੍ਰਿਤਧਾਰੀ ਅਤੇ ਗ਼ੈਰ ਅੰਮ੍ਰਿਤਧਾਰੀ ਮੈਂਬਰਾਂ ਸਬੰਧੀ ਅਪਣਾ ਸਪੱਸ਼ਟੀਕਰਨ ਦਿਤਾ। ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਨੇ ਦਸਿਆ ਕਿ ਹੁਣ ਸਾਰੇ ਮੈਂਬਰਾਂ ਤੋਂ ਅੰਮ੍ਰਿਤ ਛੱਕਣ ਦੇ ਸਰਟੀਫ਼ਿਕੇਟ ਮੰਗੇ ਜਾਣਗੇ। ਉਨ੍ਹਾਂ ਕਿਹਾ ਕਿ ਪਹਿਲਾਂ ਮੈਂਬਰਾਂ ਵਲੋਂ ਦਿਤੀ ਜਾਣਕਾਰੀ ਦੇ ਆਧਾਰ 'ਤੇ ਹੀ ਅੰਮ੍ਰਿਤਧਾਰੀ ਮੰਨਿਆ ਜਾਂਦਾ ਸੀ ਪਰ ਹੁਣ ਸਬੂਤ ਵਜੋਂ ਸਰਟੀਫ਼ਿਕੇਟ ਲੈਣਾ ਲਾਜ਼ਮੀ ਕੀਤਾ ਜਾਵੇਗਾ। ਨਿੱਜਰ ਨੇ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਰਹਿੰਦੇ ਮੈਂਬਰ ਅਪਣੇ-ਅਪਣੇ ਗੁਰਦੁਆਰਾ ਸਾਹਿਬ ਤੋਂ ਪ੍ਰਮਾਣ ਪੱਤਰ ਭੇਜਣਗੇ। ਉਨ੍ਹਾਂ ਇਹ ਵੀ ਕਿਹਾ ਕਿ ਜੇ ਕੋਈ ਮੈਂਬਰ ਸਰਟੀਫ਼ਿਕੇਟ ਪੇਸ਼ ਨਹੀਂ ਕਰ ਸਕਿਆ ਤਾਂ ਉਸਦੀ ਮੈਂਬਰਸ਼ਿਪ ਰੱਦ ਕੀਤੀ ਜਾ ਸਕਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਪਿਛਲੇ ਦਿਨੀਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਸਮੇਤ ਕੁਝ ਮੈਂਬਰਾਂ ਨੂੰ ਤਲਬ ਕੀਤਾ ਗਿਆ ਸੀ। ਇਸ ਦੌਰਾਨ ਉਨ੍ਹਾਂ ਤੋਂ ਚੀਫ਼ ਖ਼ਾਲਸਾ ਦੀਵਾਨ ਦੇ ਅੰਮ੍ਰਿਤਧਾਰੀ ਅਤੇ ਗ਼ੈਰ ਅੰਮ੍ਰਿਤਧਾਰੀ ਮੈਂਬਰਾਂ ਦੀ ਸੂਚੀ ਮੰਗੀ ਗਈ। ਇਸ ਮਾਮਲੇ ਸਬੰਧੀ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਸਮੇਤ ਹੋਰ ਮੈਂਬਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ ਅਤੇ ਅਪਣਾ ਸਪਸ਼ਟੀਕਰਨ ਦਿਤਾ। ਨਿੱਜਰ ਨੇ ਦਸਿਆ ਕਿ ਜਥੇਦਾਰ ਸਾਹਿਬ ਨਾਲ ਹੋਈ ਗੱਲਬਾਤ ਦੌਰਾਨ ਇਹ ਫ਼ੈਸਲਾ ਕੀਤਾ ਗਿਆ ਹੈ ਕਿ ਹੁਣ ਸਾਰੇ ਮੈਂਬਰਾਂ ਤੋਂ ਅੰਮ੍ਰਿਤ ਛੱਕਣ ਦੇ ਸਰਟੀਫ਼ਿਕੇਟ ਲਏ ਜਾਣਗੇ। ਉਨ੍ਹਾਂ ਕਿਹਾ ਕਿ ਪਹਿਲਾਂ ਮੈਂਬਰਾਂ ਵਲੋਂ ਭਰੇ ਗਏ ਫਾਰਮਾਂ ਦੇ ਆਧਾਰ 'ਤੇ ਹੀ ਇਹ ਮੰਨ ਲਿਆ ਜਾਂਦਾ ਸੀ ਕਿ ਕੌਣ ਅੰਮ੍ਰਿਤਧਾਰੀ ਹੈ ਅਤੇ ਕੌਣ ਨਹੀਂ, ਪਰ ਹੁਣ ਸਿਰਫ਼ ਮੌਖਿਕ ਜਾਣਕਾਰੀ ਦੇ ਆਧਾਰ 'ਤੇ ਗੱਲ ਨਹੀਂ ਬਣੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਜਿਵੇਂ ਕਾਨਪੁਰ, ਦਿੱਲੀ ਅਤੇ ਹੋਰ ਸ਼ਹਿਰਾਂ ਵਿਚ ਰਹਿੰਦੇ ਮੈਂਬਰ ਅਪਣੇ-ਅਪਣੇ ਇਲਾਕੇ ਦੇ ਮਾਨਤਾ ਪ੍ਰਾਪਤ ਗੁਰਦੁਆਰਾ ਸਾਹਿਬ ਤੋਂ ਸਰਟੀਫ਼ਿਕੇਟ ਹਾਸਲ ਕਰ ਕੇ ਭੇਜਣਗੇ। ਇਸ ਨਾਲ ਸਪੱਸ਼ਟ ਹੋ ਜਾਵੇਗਾ ਕਿ ਕਿੰਨੇ ਮੈਂਬਰ ਅੰਮ੍ਰਿਤਧਾਰੀ ਹਨ। ਨਿੱਜਰ ਨੇ ਕਿਹਾ ਕਿ ਜੇ ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਕਿਸੇ ਮੈਂਬਰ ਨੇ ਗ਼ਲਤ ਜਾਣਕਾਰੀ ਦਿਤੀ ਹੈ ਜਾਂ ਉਹ ਸਰਟੀਫ਼ਿਕੇਟ ਪੇਸ਼ ਨਹੀਂ ਕਰ ਸਕਦਾ ਤਾਂ ਉਸ ਵਿਰੁਧ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਾਫ਼ ਕੀਤਾ ਕਿ ਲੋੜ ਪੈਣ 'ਤੇ ਅਜਿਹੇ ਮੈਂਬਰਾਂ ਦੀ ਮੈਂਬਰਸ਼ਿਪ ਵੀ ਰੱਦ ਕੀਤੀ ਜਾ ਸਕਦੀ ਹੈ।

ਜਬਰੀ ਵਸੂਲੀ ਮਾਮਲਾ : ਇਕ ਹੋਰ ਪੰਜਾਬੀ ਕੈਨੇਡਾ ਵਿਚ ਗ੍ਰਿਫ਼ਤਾਰ

ਚੰਡੀਗੜ੍ਹ, 8 ਮਈ (ਅਮਨ ਮੋਹਨ) : ਕੈਨੇਡਾ 'ਚ ਇਕ ਹੋਰ ਪੰਜਾਬੀ ਨੌਜਵਾਨ ਨੂੰ ਜਬਰੀ ਵਸੂਲੀ ਦੇ ਮਾਮਲੇ ਵਿਚ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਨੂੰ ਛੇਤੀ ਹੀ ਹੁਣ ਦੇਸ਼ ਨਿਕਾਲਾ ਦਿਤਾ ਜਾਵੇਗਾ। ਮੁਲਜ਼ਮ ਦਾ ਨਾਂ ਜਸਕਰਨ ਸਰੋਏ ਹੈ, ਜਿਸ ਦੀ ਉਮਰ 27 ਸਾਲ ਹੈ। ਜਸਕਰਨ 'ਤੇ 13 ਅਪ੍ਰੈਲ, 2026 ਨੂੰ ਸਵੇਰੇ ਇਕ ਘਰ 'ਤੇ ਗੋਲੀਬਾਰੀ ਕਰਨ ਦਾ ਦੋਸ਼ ਹੈ ਜੋ ਫ਼ਿਰੌਤੀ ਦੇ ਮਕਸਦ ਨਾਲ ਕੀਤੀ ਗਈ ਸੀ। ਹਾਲਾਂਕਿ ਇਸ ਗੋਲੀਬਾਰੀ ਵਿਚ ਜਾਨੀ ਨੁਕਸਾਨ ਤੋਂ ਬਚਾਅ ਰਿਹਾ ਸੀ। ਸਰੀ ਪੁਲਿਸ ਨੇ ਉਸ 'ਤੇ ਅਪਰਾਧ ਕੋਡ ਤਹਿਤ ਮਾਮਲਾ ਦਰਜ ਕੀਤਾ ਹੈ। ਇਕ ਵਾਹਨ ਦੀ ਪਛਾਣ ਕਰਨ ਮਗਰੋਂ ਐਸਪੀਐਸ ਦੀ ਐਕਸਟੋਰਸ਼ਨ ਰਿਸਪਾਂਸ ਟੀਮ ਨੇ ਵਾਰੰਟ ਹਾਸਲ ਕੀਤਾ ਜਿਸ ਮਗਰੋਂ ਲੋਅਰ ਮੇਨਲੈਂਡ ਡਿਸਟ੍ਰਿਕਟ ਐਮਰਜੈਂਸੀ ਰਿਸਪਾਂਸ ਟੀਮ ਅਤੇ ਹੋਰ ਐਸਪੀਐਸ ਟੀਮਾਂ ਦੀ ਸਹਾਇਤਾ ਨਾਲ ਇਕ ਘਰ 'ਤੇ ਛਾਪਾ ਮਾਰਿਆ ਗਿਆ। ਇਸ ਕਾਰਵਾਈ ਦਰਮਿਆਨ ਜਸਕਰਨ ਸਰੋਏ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਸ ਨੂੰ ਹਿਰਾਸਤ 'ਚ ਭੇਜ ਦਿਤਾ ਗਿਆ ਹੈ ਅਤੇ ਜ਼ਮਾਨਤ ਦੀ ਸੁਣਵਾਈ ਦੀ ਉਡੀਕ ਕੀਤੀ ਜਾ ਰਹੀ ਹੈ। ਅਦਾਲਤ ਵਿਚ 12 ਮਈ ਨੂੰ ਸੁਣਵਾਈ ਹੋਵੇਗੀ। ਜਾਂਚ ਅਧਿਕਾਰੀ ਮੁਤਾਬਕ ਜਸਕਰਨ ਵਿਦੇਸ਼ੀ ਨਾਗਰਿਕ ਹੈ, ਉਸ ਦਾ ਕੈਨੇਡਾ ਵਿਚ ਕੋਈ ਕਾਨੂੰਨੀ ਦਰਜਾ ਨਹੀਂ ਹੈ।

ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਸੰਗਤਾ ਲਈ ਤੁਰਤ ਖੋਲ੍ਹਿਆ ਜਾਵੇ : ਸਿੱਖ ਤਾਲਮੇਲ ਕਮੇਟੀ

ਜਲੰਧਰ, 8 ਮਈ (ਵਰਿੰਦਰ ਸ਼ਰਮਾ, ਕਰਮਵੀਰ ਸਿੰਘ) : ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਧਰਤੀ ਗੁਰਦਵਾਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਜਿੱਥੇ ਗੁਰੂ ਨਾਨਕ ਦੇਵ ਜੀ ਨੇ ਅਪਣੀ ਹਿਆਤੀ ਦੇ ਲਗਭਗ 18 ਸਾਲ ਬਿਤਾਏ ਜੋ 1947 ਦੀ ਵੰਡ ਵੇਲੇ ਪਾਕਿਸਤਾਨ 'ਚ ਰਹਿ ਗਿਆ ਸੀ। ਸਿੱਖ ਕੌਮ ਦੀਆਂ ਲੰਬੇ ਸਮੇਂ ਤੋਂ ਲਗਾਤਾਰ ਅਰਦਾਸਾਂ ਤੋਂ ਬਾਅਦ ਪਾਕਿਸਤਾਨ ਅਤੇ ਭਾਰਤ ਸਰਕਾਰ ਵਲੋਂ ਇਸ ਦੇ ਲਾਂਘੇ ਨੂੰ ਖੋਲ੍ਹ ਦਿਤਾ ਗਿਆ ਸੀ ਅਤੇ ਸੰਗਤਾਂ ਅਸਥਾਨ ਦੇ ਦਰਸ਼ਨ ਦੀਦਾਰੇ ਕਰ ਰਹੀਆਂ ਸਨ ਪਰ ਪੁਲਵਾਮਾ 'ਚ ਹੋਏ ਅਤਿਵਾਦੀ ਹਮਲੇ ਤੋਂ ਬਾਅਦ ਇਹ ਲਾਂਘਾ ਬੰਦ ਕਰ ਦਿਤਾ ਗਿਆ ਸੀ। ਸਿੱਖ ਤਾਲਮੇਲ ਕਮੇਟੀ ਦੇ ਆਗੂ ਤਜਿੰਦਰ ਸਿੰਘ ਪਰਦੇਸੀ, ਹਰਪਾਲ ਸਿੰਘ ਚੱਡਾ, ਹਰਪ੍ਰੀਤ ਸਿੰਘ ਨੀਟੂ, ਪਰਮਪ੍ਰੀਤ ਸਿੰਘ ਵਿਟੀ, ਗੁਰਦੇਵ ਸਿੰਘ ਭਾਟੀਆ, ਗੁਰਦੀਪ ਸਿੰਘ ਕਾਲੀਆ ਕਾਲੋਨੀ, ਰਾਜਵੰਤ ਸਿੰਘ ਸੁੱਖਾ, ਗੁਰਦੀਪ ਸਿੰਘ ਪੋਪਲੀ ਨੇ ਇਕ ਸਾਂਝੇ ਬਿਆਨ 'ਚ ਕਿਹਾ ਹੈ ਕਿ ਹੁਣ ਜਦੋਂ ਮਾਹੌਲ ਬਿਲਕੁਲ ਠੀਕ ਹੈ ਤਾਂ ਇਹ ਲਾਂਘਾ ਖੋਲ੍ਹਣ 'ਚ ਦੇਰੀ ਕਿਉਂ ਕੀਤੀ ਜਾ ਰਹੀ ਹੈ। ਅਸੀਂ ਕੇਂਦਰ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਬਿਨਾ ਕਿਸੇ ਦੇਰੀ ਤੋਂ ਇਹ ਲਾਂਘਾ ਖੋਲ੍ਹਿਆ ਜਾਵੇ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਮਰਜੀਤ ਸਿੰਘ, ਇੰਦਰਪ੍ਰੀਤ ਸਿੰਘ, ਪ੍ਰੋਫ਼ੈਸਰ ਸੁਖਜੀਤ ਸਿੰਘ, ਜਗਦੀਪ ਸਿੰਘ, ਪਰਦੀਪ ਸਿੰਘ ਵਿੱਕੀ, ਐਡਵੋਕੇਟ ਸੰਦੀਪ, ਕੰਵਰ ਸਿੰਘ ਛਾਬੜਾ, ਸਾਹਿਲ ਭਾਟੀਆ, ਸੰਦੀਪ ਸਿੰਘ, ਫੁੱਲ ਅਮਨਦੀਪ ਸਿੰਘ ਬੱਗਾ ਸ਼ਾਮਲ ਸਨ।

ਨਕਲੀ ਖਾਦਾਂ, ਕੀਟਨਾਸ਼ਕ ਦਵਾਈਆਂ ਤੇ ਗ਼ੈਰ-ਪ੍ਰਮਾਣਿਤ ਬੀਜਾਂ ਤੋਂ ਸੁਚੇਤ ਰਹਿਣ ਕਿਸਾਨ : ਡਾਇਰੈਕਟਰ ਖੇਤੀਬਾੜੀ

ਚੰਡੀਗੜ੍ਹ, 8 ਮਈ (ਸਸਸ) : ਪੰਜਾਬ 'ਚ ਝੋਨਾ ਤੇ ਸਾਉਣੀ ਸੀਜ਼ਨ ਦੀਆਂ ਹੋਰ ਫ਼ਸਲਾਂ ਦੀ ਤਿਆਰੀ ਨੂੰ ਲੈ ਕੇ ਖੇਤੀਬਾੜੀ ਗਤੀਵਿਧੀਆਂ ਵਿਚ ਤੇਜ਼ੀ ਆ ਰਹੀ ਹੈ। ਇਸ ਦੌਰਾਨ ਕੁੱਝ ਗ਼ੈਰ-ਕਾਨੂੰਨੀ ਅਤੇ ਸ਼ਰਾਰਤੀ ਅਨਸਰਾਂ ਵਲੋਂ ਕਿਸਾਨਾਂ ਨੂੰ ਨਕਲੀ ਖਾਦਾਂ, ਕੀਟਨਾਸ਼ਕ ਦਵਾਈਆਂ ਅਤੇ ਗ਼ੈਰ-ਪ੍ਰਮਾਣਤ ਬੀਜ ਵੇਚ ਕੇ ਗੁਮਰਾਹ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਅਰਸ਼ਦੀਪ ਸਿੰਘ ਬਿੰਦ, ਪ੍ਰਬੰਧਕੀ ਸਕੱਤਰ (ਖੇਤੀਬਾੜੀ), ਪੰਜਾਬ ਵਲੋਂ ਕਿਸਾਨਾਂ ਨੂੰ ਮਿਆਰੀ ਇਨਪੁਟਸ ਮੁਹਈਆ ਕਰਵਾਉਣ ਲਈ ਨਿਰੰਤਰ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਦੋਸ਼ੀਆਂ ਵਿਰੁਧ ਜ਼ੀਰੋ ਟੋਲਰੈਂਸ ਅਪਣਾਉਂਦੇ ਹੋਏ ਸਖ਼ਤ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਇਸ ਸਬੰਧੀ ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਵਲੋਂ ਦਸਿਆ ਗਿਆ ਕਿ ਵਿਭਾਗ ਵਲੋਂ 8 ਰਾਜ ਪਧਰੀ ਟੀਮਾਂ ਦਾ